ਕਿਉ ਲੀਜੈ ਗਢੁ ਬੰਕਾ ਭਾਈ ॥ ਦੋਵਰ ਕੋਟ ਅਰੁ ਤੇਵਰ ਖਾਈ ॥ ੧॥ ਰਹਾਉ ॥ ਪਾਂਚ ਪਚੀਸ ਮੋਹ ਮਦ ਮਤਸਰ ਆਡੀ ਪਰਬਲ ਮਾਇਆ ॥ ਜਨ ਗਰੀਬ ਕੋ ਜੋਰੁ ਨ ਪਹੁਚੈ ਕਹਾ ਕਰਉ ਰਘੁਰਾਇਆ ॥੧॥ ਕਾਮੁ ਕਿਵਾਰੀ ਦੁਖੁ ਸੁਖੁ ਦਰਵਾਨੀ ਪਾਪੁ ਪੁੰਨੁ ਦਰਵਾਜਾ ॥ ਕ੍ਰੋਧੁ ਪ੍ਰਧਾਨੁ ਮਹਾ ਬਡ ਦੁੰਦਰ ਤਹ ਮਨੁ ਮਾਵਾਸੀ ਰਾਜਾ ॥੨॥ ਸ੍ਵਾਦ ਸਨਾਹ ਟੋਪੁ ਮਮਤਾ ਕੋ ਕੁਬੁਧਿ ਕਮਾਨ ਚਢਾਈ ॥ ਤਿਸਨਾ ਤੀਰ ਰਹੇ ਘਟ ਭੀਤਰਿ ਇਉ ਗਢੁ ਲੀਓ ਨ ਜਾਈ ॥ ੩॥ ਪ੍ਰੇਮ ਪਲੀਤਾ ਸੁਰਤਿ ਹਵਾਈ ਗੋਲਾ ਗਿਆਨੁ ਚਲਾਇਆ ॥ ਬ੍ਰਹਮ ਅਗਨਿ ਸਹਜੇ ਪਰਜਾਲੀ ਏਕਹਿ ਚੋਟ ਸਿਝਾਇਆ ॥ ੪॥ ਸਤੁ ਸੰਤੋਖੁ ਲੈ ਲਰਨੇ ਲਾਗਾ ਤੋਰੇ ਦੁਇ ਦਰਵਾਜਾ ॥ ਸਾਧਸੰਗਤਿ ਅਰੁ ਗੁਰ ਕੀ ਕ੍ਰਿਪਾ ਤੇ ਪਕਰਿਓ ਗਢ ਕੋ ਰਾਜਾ ॥੫॥ ਭਗਵਤ ਭੀਰਿ ਸਕਤਿ ਸਿਮਰਨ ਕੀ ਕਟੀ ਕਾਲ ਭੈ ਫਾਸੀ ॥ ਦਾਸੁ ਕਮੀਰੁ ਚੜ੍ਹਿਓ ਗੜ੍ਹ ਊਪਰਿ ਰਾਜੁ ਲੀਓ ਅਬਿਨਾਸੀ ॥੬॥੯॥੧੭॥ {ਪੰਨਾ 1161}

ਪਦਅਰਥ:- ਕਿਉ ਲੀਜੈ—ਕਿਵੇਂ ਜਿੱਤਿਆ ਜਾਏ? ਕਾਬੂ ਕਰਨਾ ਬੜਾ ਔਖਾ ਹੈ। ਗਢੁ—ਕਿਲ੍ਹਾ। ਬੰਕਾ—ਪੱਕਾ। ਭਾਈ—ਹੇ ਭਾਈ! ਦੋਵਰ ਕੋਟ—ਦ੍ਵੈਤ ਦੀ ਦੋਹਰੀ ਕੰਧ (ਫ਼ਸੀਲ)। ਤੇਵਰ ਖਾਈ—ਤਿੰਨ ਗੁਣਾਂ ਦੀ ਤੇਹਰੀ ਖਾਈ। ਖਾਈ—ਡੂੰਘੀ ਤੇ ਚੌੜੀ ਖ਼ਾਲੀ ਥਾਂ ਜੋ ਕਿਲ੍ਹੇ ਦੀ ਹਿਫ਼ਾਜ਼ਤ ਵਾਸਤੇ ਹੁੰਦੀ ਹੈ, ਤੇ ਪਾਣੀ ਨਾਲ ਭਰੀ ਰਹਿੰਦੀ ਹੈ।1। ਰਹਾਉ।

ਪਾਂਚ—ਪੰਜ (ਕਾਮਾਦਿਕ)। ਪਚੀਸ—ਸਾਂਖ ਮਤ ਦੇ ਮਿਥੇ 25 ਤੱਤ। ਮਦ—ਅਹੰਕਾਰ ਦਾ ਨਸ਼ਾ। ਮਤਸਰ—ਈਰਖਾ। ਆਡੀ—ਆੜ, ਛਹੀ, ਜਿਸ ਦਾ ਆਸਰਾ ਲੈ ਕੇ ਫ਼ੌਜਾਂ ਲੜਦੀਆਂ ਹਨ।1।

ਕਿਵਾਰੀ—ਕਿਵਾੜ ਦਾ ਰਾਖਾ, ਕਿਵਾੜ ਖੋਲ੍ਹਣ ਵਾਲਾ। ਦਰਵਾਨੀ—ਪਹਿਰੇਦਾਰ। ਦੁੰਦਰ—ਲੜਾਕਾ। ਤਹ—ਉਸ ਕਿਲ੍ਹੇ ਵਿਚ। ਮਾਵਾਸੀ—ਆਕੀ।2।

ਸਨਾਹ—ਜ਼ਿਰਹ-ਬਕਤਰ, ਸੰਜੋਅ, ਲੋਹੇ ਦੀ ਜਾਲੀ ਦੀ ਪੁਸ਼ਾਕ ਜੋ ਜੰਗ ਸਮੇ ਪਹਿਨੀਦੀ ਹੈ। ਮਮਤਾ—ਅਪਣੱਤ। ਕੁਬੁਧਿ—ਖੋਟੀ ਮੱਤ। ਚਢਾਈ—ਤਾਣੀ ਹੋਈ ਹੈ। ਤਿਸਨਾ—ਤ੍ਰਿਸ਼ਨਾ, ਲਾਲਚ। ਘਟ ਭੀਤਰਿ—ਹਿਰਦੇ ਵਿਚ।3।

ਬ੍ਰਹਮ ਅਗਨਿ—ਰੱਬੀ-ਜੋਤ। ਸਹਜੇ—ਸਹਿਜ ਅਵਸਥਾ ਵਿਚ (ਅੱਪੜ ਕੇ)। ਪਰਜਾਲੀ—ਚੰਗੀ ਤਰ੍ਹਾਂ ਬਾਲੀ।4।

ਦੁਇ—ਦੋਵੇਂ।5।

ਭਗਵਤ ਭੀਰਿ—ਭਗਵਾਨ ਦਾ ਸਿਮਰਨ ਕਰਨ ਵਾਲਿਆਂ ਦੀ ਭੀੜ, ਸਾਧ-ਸੰਗਤ। ਸਕਤਿ—ਤਾਕਤ। ਅਬਨਾਸੀ—ਨਾਹ ਨਾਸ ਹੋਣ ਵਾਲਾ।6।

ਅਰਥ:- ਹੇ ਭਾਈ! ਇਹ (ਸਰੀਰ-ਰੂਪ) ਪੱਕਾ ਕਿਲ੍ਹਾ ਕਾਬੂ ਕਰਨਾ ਬਹੁਤ ਔਖਾ ਹੈ। ਇਸ ਦੇ ਦੁਆਲੇ ਦ੍ਵੈਤ ਦੀ ਦੋਹਰੀ ਫ਼ਸੀਲ ਤੇ ਤਿੰਨ ਗੁਣਾਂ ਦੀ ਤੇਹਰੀ ਖਾਈ ਹੈ।1। ਰਹਾਉ।

ਬਲ ਵਾਲੀ ਮਾਇਆ ਦਾ ਆਸਰਾ ਲੈ ਕੇ ਪੰਜ ਕਾਮਾਦਿਕ, ਪੰਝੀ ਤੱਤ, ਮੋਹ, ਅਹੰਕਾਰ, ਈਰਖਾ (ਦੀ ਫ਼ੌਜ ਲੜਨ ਨੂੰ ਤਿਆਰ ਹੈ)। ਹੇ ਪ੍ਰਭੂ! ਮੇਰੀ ਗ਼ਰੀਬ ਦੀ ਕੋਈ ਪੇਸ਼ ਨਹੀਂ ਜਾਂਦੀ, (ਦੱਸ,) ਮੈਂ ਕੀਹ ਕਰਾਂ?।1।

ਕਾਮ (ਇਸ ਕਿਲ੍ਹੇ ਦੇ) ਬੂਹੇ ਦਾ ਮਾਲਕ ਹੈ, ਦੁਖ ਤੇ ਸੁਖ ਪਹਿਰੇਦਾਰ ਹਨ, ਪਾਪ ਤੇ ਪੁੰਨ (ਕਿਲ੍ਹੇ ਦੇ) ਦਰਵਾਜ਼ੇ ਹਨ, ਬੜਾ ਲੜਾਕਾ ਕ੍ਰੋਧ (ਕਿਲ੍ਹੇ ਦਾ) ਚੌਧਰੀ ਹੈ। ਅਜਿਹੇ ਕਿਲ੍ਹੇ ਵਿਚ ਮਨ ਰਾਜਾ ਆਕੀ ਹੋ ਕੇ ਬੈਠਾ ਹੈ।2।

(ਜੀਭ ਦੇ) ਚਸਕੇ (ਮਨ-ਰਾਜੇ ਨੇ) ਸੰਜੋਅ (ਪਹਿਨੀ ਹੋਈ ਹੈ), ਮਮਤਾ ਦਾ ਟੋਪ (ਪਾਇਆ ਹੋਇਆ ਹੈ), ਭੈੜੀ ਮੱਤ ਦੀ ਕਮਾਨ ਕੱਸੀ ਹੋਈ ਹੈ, ਤ੍ਰਿਸ਼ਨਾ ਦੇ ਤੀਰ ਅੰਦਰ ਹੀ ਅੰਦਰ ਕੱਸੇ ਹੋਏ ਹਨ। ਅਜਿਹਾ ਕਿਲ੍ਹਾ (ਮੈਥੋਂ) ਜਿੱਤਿਆ

ਨਹੀਂ ਜਾ ਸਕਦਾ।3।

(ਪਰ ਜਦੋਂ ਮੈਂ ਪ੍ਰਭੂ-ਚਰਨਾਂ ਦੇ) ਪ੍ਰੇਮ ਦਾ ਪਲੀਤਾ ਲਾਇਆ, (ਪ੍ਰਭੂ-ਚਰਨਾਂ ਵਿਚ ਜੁੜੀ) ਸੁਰਤ ਨੂੰ ਹਵਾਈ ਬਣਾਇਆ, (ਗੁਰੂ ਦੇ ਬਖ਼ਸ਼ੇ) ਗਿਆਨ ਦਾ ਗੋਲਾ ਚਲਾਇਆ, ਸਹਿਜ ਅਵਸਥਾ ਵਿਚ ਅੱਪੜ ਕੇ ਅੰਦਰ ਰੱਬੀ-ਜੋਤ ਜਗਾਈ, ਤਾਂ ਇੱਕੋ ਹੀ ਸੱਟ ਨਾਲ ਕਾਮਯਾਬੀ ਹੋ ਗਈ।4।

ਸਤ ਤੇ ਸੰਤੋਖ ਲੈ ਕੇ ਮੈਂ (ਉਸ ਫ਼ੌਜ ਦੇ ਟਾਕਰੇ ਤੇ) ਲੜਨ ਲੱਗ ਪਿਆ, ਦੋਵੇਂ ਦਰਵਾਜ਼ੇ ਮੈਂ ਭੰਨ ਲਏ, ਸਤਿਗੁਰੂ ਤੇ ਸਤਸੰਗ ਦੀ ਮਿਹਰ ਨਾਲ ਮੈਂ ਕਿਲ੍ਹੇ ਦਾ (ਆਕੀ) ਰਾਜਾ ਫੜ ਲਿਆ।5।

ਸਤਸੰਗ ਤੇ ਸਿਮਰਨ ਦੇ ਬਲ ਨਾਲ ਮੈਂ ਕਾਲ ਦੀ ਫਾਹੀ, ਦੁਨੀਆ ਦੇ ਡਰਾਂ ਦੀ ਫਾਹੀ, ਵੱਢ ਲਈ ਹੈ। ਪ੍ਰਭੂ ਦਾ ਦਾਸ ਕਬੀਰ ਹੁਣ ਕਿਲ੍ਹੇ ਦੇ ਉੱਪਰ ਚੜ੍ਹ ਬੈਠਾ ਹੈ (ਸਰੀਰ ਨੂੰ ਵੱਸ ਕਰ ਚੁਕਿਆ ਹੈ), ਤੇ ਕਦੇ ਨਾਹ ਨਾਸ ਹੋਣ ਵਾਲੀ ਆਤਮਕ ਬਾਦਸ਼ਾਹੀ ਲੈ ਚੁਕਾ ਹੈ।6।9। 17।

ਨੋਟ:- ਪਚੀਸ—ਸਾਂਖ ਮਤ ਦੇ ਮਿਥੇ 25 ਤੱਤ:-

1. ਪ੍ਰਕ੍ਰਿਤੀ (ਕੁਦਰਤ, ਜਿਸ ਤੋਂ ਸਭ ਵਸਤਾਂ ਬਣੀਆਂ ਹਨ ਅਤੇ ਜੋ ਆਪ ਕਿਸੇ ਤੋਂ ਨਹੀਂ ਬਣੀ ਅਤੇ ਜੋ ਸਤ-ਰਜ-ਤਮ ਤਿੰਨ ਗੁਣਾਂ ਦੀ ਸਮ ਅਵਸਥਾ-ਰੂਪ ਹੈ)।

2. ਮਹੱਤੱਤ (ਇਹ ਤੱਤ ਸਰੀਰ ਵਿਚ ਬੁੱਧੀ ਰੂਪ ਵਿਚ ਟਿਕਿਆ ਹੋਇਆ ਹੈ; ਪ੍ਰਕ੍ਰਿਤੀ ਵਿਚ ਹਿਲਜੁਲ ਦੇ ਕਾਰਨ ਇਹ ਤੱਤ ਪੈਦਾ ਹੋਇਆ)।

3. ਅਹੰਕਾਰ (ਜਿਸ ਦਾ ਰੂਪ 'ਹਉਮੈ' ਹੈ)।

4-8. ਪੰਜ ਤਨਮਾਤ੍ਰ (ਰੂਪ, ਰਸ, ਗੰਧ, ਸਪਰਸ਼, ਸ਼ਬਦ)। {ਤਨਮਾਤ੍ਰ—ਸਾਂਖ ਮਤ ਅਨੁਸਾਰ ਪੰਜ ਤੱਤਾਂ ਦਾ ਆਦਿ ਰੂਪ ਜਿਨ੍ਹਾਂ ਵਿਚ ਕੋਈ ਮਿਲਾਵਟ ਨਾਹ ਹੋਈ ਹੋਵੇ—ਰੂਪ, ਰਸ, ਗੰਧ, ਸਪਰਸ਼, ਸ਼ਬਦ। ਸਾਂਖ ਅਨੁਸਾਰ ਪ੍ਰਕ੍ਰਿਤੀ ਤੋਂ ਮਹੱਤੱਤ ਪੈਦਾ ਹੋਇਆ, ਮਹੱਤੱਤ ਤੋਂ ਅਹੰਕਾਰ ਅਤੇ ਅਹੰਕਾਰ ਤੋਂ 16 ਪਦਾਰਥ:- ਪੰਜ ਗਿਆਨ ਇੰਦ੍ਰੇ, ਕਰਮ ਇੰਦ੍ਰੇ, ਪੰਜ ਤਨਮਾਤ੍ਰ ਅਤੇ ਇਕ ਮਨ। }

9-19. ਗਿਆਰਾਂ ਇੰਦ੍ਰੀਆਂ—ਪੰਜ ਗਿਆਨ ਇੰਦ੍ਰੇ, ਪੰਜ ਕਰਮ ਇੰਦ੍ਰੇ, ਇੱਕ ਮਨ।

20-24. ਪੰਜ ਮਹਾ ਭੂਤ—ਪ੍ਰਿਥਵੀ, ਜਲ, ਅਗਨਿ, ਪਵਨ, ਆਕਾਸ਼।

25. ਪੁਰਸ਼ (ਚੇਤਨ-ਸ਼ਕਤੀ)

ਸਾਂਖ ਅਨੁਸਾਰ ਜਗਤ ਨਿੱਤ ਹੈ, ਪਰਿਣਾਮ-ਰੂਪ ਪ੍ਰਵਾਹ ਨਾਲ ਸਦਾ ਬਦਲਦਾ ਰਹਿੰਦਾ ਹੈ। ਪ੍ਰਕ੍ਰਿਤੀ ਨੂੰ ਪੁਰਸ਼ ਦੀ, ਪੁਰਸ਼ ਨੂੰ ਪ੍ਰਕ੍ਰਿਤੀ ਦੀ ਸਹਾਇਤਾ ਦੀ ਲੋੜ ਰਹਿੰਦੀ ਹੈ। ਇਕੱਲੇ ਦੋਵੇਂ ਨਿਸਫਲ ਹਨ। ਜੀਵਾਤਮਾ ਹਰੇਕ ਸਰੀਰ ਵਿਚ ਵੱਖ ਵੱਖ ਹਨ।

ਬੁੱਧੀ, ਅਹੰਕਾਰ, ਗਿਆਰਾਂ ਇੰਦ੍ਰੀਆਂ, ਪੰਜ ਤਨਮਾਤ੍ਰ—ਇਹਨਾਂ ਅਠਾਰਾਂ ਦਾ ਸਮੁਦਾਈ ਸੂਖਮ ਸਰੀਰ ਹੈ। ਇਹੀ ਸੂਖਮ ਸਰੀਰ ਕਰਮ ਅਤੇ ਗਿਆਨ ਦਾ ਆਸਰਾ ਹੈ। ਸਥੂਲ ਸਰੀਰ ਦੇ ਨਾਸ ਹੋਇਆਂ ਇਸ ਦਾ ਨਾਸ ਨਹੀਂ ਹੁੰਦਾ। ਕਰਮ ਅਤੇ ਗਿਆਨ-ਵਾਸ਼ਨਾ ਦਾ ਪ੍ਰੇਰਿਆ ਹੋਇਆ ਸੂਖਮ ਸਰੀਰ ਇਕ ਸਥੂਲ ਸਰੀਰ ਵਿਚੋਂ ਨਿਕਲ ਕੇ ਦੂਜੇ ਵਿਚ ਜਾ ਪ੍ਰਵੇਸ਼ ਕਰਦਾ ਹੈ। ਪ੍ਰਲੈ ਤਕ ਇਸ ਦਾ ਨਾਸ ਨਹੀਂ ਹੁੰਦਾ। ਪ੍ਰਲੈ ਸਮੇ ਇਹ ਪ੍ਰਕ੍ਰਿਤੀ ਵਿਚ ਲੀਨ ਹੋ ਜਾਂਦਾ ਹੈ। ਸ੍ਰਿਸ਼ਟੀ ਦੀ ਉਤਪੱਤੀ ਵੇਲੇ ਫਿਰ ਨਵੇਂ ਸਿਰੇ ਪੈਦਾ ਹੋ ਜਾਂਦਾ ਹੈ।

ਜਦੋਂ ਪੁਰਸ਼ ਵਿਵੇਕ ਨਾਲ ਆਪਣੇ ਆਪ ਨੂੰ ਪ੍ਰਕ੍ਰਿਤੀ ਅਤੇ ਉਸ ਦੇ ਕਾਰਜਾਂ ਤੋਂ ਵੱਖਰਾ ਵੇਖਦਾ ਹੈ, ਤਦੋਂ ਬੁੱਧੀ ਦੇ ਕਾਰਨ ਪ੍ਰਾਪਤ ਹੋਏ ਸੰਤਾਪਾਂ ਤੋਂ ਦੁਖੀ ਨਹੀਂ ਹੁੰਦਾ ਇਸ ਭਿੰਨਤਾ ਦਾ ਨਾਮ ਮੁਕਤੀ ਹੈ।